ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਕੋਵਿਡ -19 ਦੀ ਜਾਂਚ ਲਈ "psdm.gov.in" 'ਤੇ ਸਵੈ-ਮੁਲਾਂਕਣ ਟੂਲ ਕਿੱਟ ਜਾਰੀ**

**ਸ਼ੱਕ ਨੂੰ ਦੂਰ ਕਰਨ ਲਈ ਕੋਈ ਵੀ ਕਰ ਸਕਦਾ ਹੈ ਇਸ ਕਿੱਟ ਦਾ ਇਸਤੇਮਾਲ**

ਅੰਮ੍ਰਿਤਸਰ, 8 ਅਪ੍ਰੈਲ ( )–

ਇੰਸਟੀਚਿਊਟ ਫਾਰ ਡਿਜ਼ਾਸਟਰਜ਼, ਐਮਰਜੈਂਸੀ ਐਂਡ ਐਕਸੀਡੈਂਟਸ (ਆਈਡੀਈਏ) ਨੇ ਕੋਵੀਡ –19 ਲਈ ਸਵੈ-ਮੁਲਾਂਕਣ ਟੂਲਕਿੱਟ ਲਾਂਚ ਕੀਤੀ ਹੈ। ਇਸਨੂੰ "psdm.gov.in" 'ਤੇ ਅਪਲੋਡ ਕੀਤਾ ਗਿਆ ਹੈ ਜਿੱਥੋਂ ਕੋਈ ਵੀ ਵਿਅਕਤੀ ਇਸ ਟੂਲਕਿਟ ਦੀ ਵਰਤੋਂ ਬਿਨਾਂ ਕਿਸੇ ਟੈਸਟ ਤੋਂ ਕੋਰੋਨਾ ਵਾਇਰਸ ਸਬੰਧੀ ਆਪਣੇ ਸ਼ੰਕਿਆਂ ਨੂੰ ਦੂਰ ਕਰਨ ਲਈ ਕਰ ਸਕਦਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਈਡੀਈਏ ਦੇ ਬੁਲਾਰੇ ਨੇ ਟੂਲਕਿੱਟ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਟੂਲਕਿੱਟ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਇੰਡੀਅਨ ਕੌਂਸਲ ਫਾਰ ਮੈਡੀਕਲ ਰਿਸਰਚ ਅਤੇ ਵਿਸ਼ਵ ਸਿਹਤ ਸੰਗਠਨ ਵੱਲੋਂ ਟੈਸਟਿੰਗ ਕੋਵਿਡ 19 ਸਬੰਧੀ ਜਾਰੀ ਦਿਸ਼ਾ–ਨਿਰਦੇਸ਼ਾਂ ਅਨੁਸਾਰ ਤਿਆਰ ਕੀਤੀ ਗਈ। ਇਸ ਦੀਆਂ ਮੁੱਖ ਵਿਸ਼ੇਸ਼ਤਾਵਾਂ ਵਿਚ ਲੋਕਾਂ ਵਿਚ ਕੋਰੋਨਾ ਪ੍ਰਤੀ ਸ਼ੰਕਿਆਂ ਨੂੰ ਦੂਰ ਕਰਨਾ ਅਤੇ ਮੈਡੀਕਲ ਜਾਂਚ ਲਈ ਜਾਣ ਦੀ ਲੋੜ ਹੈ ਜਾਂ ਨਹੀਂ ਸਬੰਧੀ ਦੱਸਣਾ ਹੈ। ਇਹ ਟੂਲਕਿੱਟ ਸਹੀ ਅਤੇ ਭਰੋਸੇਯੋਗ ਜਾਣਕਾਰੀ ਪ੍ਰਦਾਨ ਕਰੇਗੀ ਕਿ ਕਿਸ ਮੌਕੇ ਕਿਹੋ ਜਿਹੀ ਕਾਰਵਾਈ ਕਰਨ ਦੀ ਲੋੜ ਹੈ। ਇਸ ਰਾਹੀਂ ਹਰ ਕਿਸੇ ਨੂੰ ਬਿਮਾਰੀ ਰਹਿਤ, ਸੰਪਰਕ ਅਤੇ ਸ਼ੱਕੀ ਕੇਸਾਂ ਸਬੰਧੀ ਪੁਖ਼ਤਾ ਜਾਣਕਾਰੀ ਮਿਲ ਸਕੇਗੀ। ਇਸੇ ਤਰ੍ਹਾਂ ਇਹ ਕਿੱਟ ਸਵੈ–ਇਕਾਂਤਵਾਸ ਕਰਨ ਵੇਲੇ ਕੀਤੀਆਂ ਜਾਣ ਵਾਲੀਆਂ ਵਿਸ਼ੇਸ਼ ਚੀਜ਼ਾਂ ਸਬੰਧੀ ਜਾਣਕਾਰੀ ਦੇਣ ਦੇ ਨਾਲ–ਨਾਲ ਕੋਵਿਡ 19 ਦੀ ਰੋਕਥਾਮ ਦੇ ਮੱਦੇਨਜ਼ਰ ਸਮਾਜਿਕ ਦੂਰੀਆਂ, ਸਾਹ ਦੀ ਸਵੱਛਤਾ ਅਤੇ ਹੋਰ ਰੋਕਥਾਮ ਉਪਾਵਾਂ' ਸਬੰਧੀ ਕਰਨਯੋਗ ਜਾਂ ਨਾ ਕਰਨਯੋਗ ਹਦਾਇਤਾਂ ਨੂੰ ਵੀ ਦੁਹਰਾਏਗੀ। ਇਹ ਟੂਲਕਿੱਟ ਸਾਰੇ ਬ੍ਰਾਊਜਿੰਗ ਪਲੇਟਫਾਰਮਾਂ ਅਤੇ ਡਿਵਾਈਸਾਂ ਵਿਚ ਕੰਮ ਕਰਦੀ ਹੈ।

ਬੁਲਾਰੇ ਨੇ ਦੱਸਿਆ ਕਿ ਇਹ ਡਾਕਟਰੀ ਸਲਾਹ ਨਹੀਂ ਹੈ ਸਗੋਂ ਮੌਜੂਦਾ ਰਾਸ਼ਟਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਜਾਗਰੂਕ ਕਰਨ ਲਈ ਇਕ ਮਾਰਗ–ਦਰਸ਼ਕ ਉਪਰਾਲਾ ਹੈ। ਜਿਸ ਵਿਚ ਬਿਮਾਰੀ ਸਬੰਧੀ ਲੱਛਣਾਂ, ਯਾਤਰਾ ਦੇ ਇਤਿਹਾਸ ਅਤੇ ਸੰਪਰਕ ਇਤਿਹਾਸ ਨਾਲ ਜੁੜੇ ਬਹੁਤ ਸਾਰੇ ਆਮ ਪ੍ਰਸ਼ਨਾਂ ਦਾ ਹਵਾਲਾ ਦਿਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਇਹ ਸਹੀ ਜਨਤਕ ਮੇਲਜੋਲ ਉੱਤੇ ਵੀ ਕੇਂਦ੍ਰਿਤ ਹੈ ਅਤੇ ਕੋਵਿਡ 19 ਸਬੰਧੀ ਇਸ ਟੂਲਕਿੱਟ ਨੂੰ ਹੇਠ ਦਿਤੇ ਲਿੰਕੀ https://innovoidea.in/covidselftest/india/ ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।

=============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਪੰਜਾਬ ਸਰਕਾਰ ਕਣਕ ਦੀ ਫਸਲ ਦਾ ਇੱਕ-ਇੱਕ ਦਾਣਾ ਚੁੱਕੇਗੀ-ਡਿਪਟੀ ਕਮਿਸ਼ਨਰ

### -ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਮੁਸ਼ਕਿਲ

### -ਜ਼ਿਲ੍ਹੇ ਵਿਚ 650 ਕੰਬਾਇਨਾਂ ਲਈ ਪਰਮਿਟ ਜਾਰੀ ਕੀਤੇ

ਅੰਮ੍ਰਿਤਸਰ, 8 ਅਪਰੈਲ ( )-

ਕੋਵਿਡ-19 ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ ਲਗਾਏ ਕਰਫ਼ਿਊ ਤੇ ਤਾਲਾਬੰਦੀ ਦੌਰਾਨ ਆ ਚੁੱਕੇ ਹਾੜ੍ਹੀ ਦੇ ਸੀਜ਼ਨ ਦੇ ਮੱਦੇਨਜ਼ਰ ਕਿਸਾਨਾਂ ਨੂੰ ਕਣਕ ਦੀ ਵਾਢੀ ਲਈ ਕਰਫਿਊ ਵਿੱਚ ਲੋੜੀਂਦੀਆਂ ਛੋਟਾਂ ਦਿੱਤੀਆਂ ਜਾਣਗੀਆਂ, ਜਿਸ ਨਾਲ ਕਿਸਾਨ ਆਪਣੀ ਫਸਲ ਦੀ ਸਾਂਭ-ਸੰਭਾਲ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਇਹ ਜਾਣਕਾਰੀ ਦਿੰਦੇ ਦੱਸਿਆ ਕਿ ਕਰਫ਼ਿਊ ਦੌਰਾਨ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਆਉਣ-ਜਾਣ ਲਈ ਛੋਟ ਦਿੱਤੀ ਗਈ ਹੈ। ਉਨਾਂ ਕਿਹਾ ਕਿ ਸਰਕਾਰ ਕਣਕ ਦੀ ਖਰੀਦ ਨਿਰਵਿਘਨ ਤੇ ਸੁਰੱਖਿਅਤ ਬਣਾਵੇਗੀ ਅਤੇ ਇਸ ਲਈ ਸਾਰੇ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਕੰਬਾਇਨ ਮਾਲਕਾਂ ਨੂੰ ਕੰਬਾਇਨਾਂ ਚਲਾਉਣ ਲਈ ਖੇਤੀਬਾੜੀ ਵਿਭਾਗ ਵੱਲੋਂ ਪਾਸ ਜਾਰੀ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਜਿਲ੍ਹੇ ਵਿੱਚ ਹੁਣ ਤੱਕ 650 ਕੰਬਾਇਨਾਂ ਨੂੰ ਕਰਫ਼ਿਊ ਪਾਸ ਜਾਰੀ ਕਰ ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਇਸੇ ਤਰਾਂ ਕੰਬਾਇਨ ਅਤੇ ਟਰੈਕਟਰ ਰਿਪੇਅਰ ਦੀਆਂ ਦੁਕਾਨਾਂ ਨੂੰ ਕਰਫਿਊ ਤੋਂ ਛੋਟ ਦਿੱਤੀ ਜਾਵੇਗੀ, ਜਿਸ ਨਾਲ ਕਣਕ ਦੀ ਸਾਂਭ-ਸੰਭਾਲ ਵਿਚ ਕੋਈ ਸਮੱਸਿਆ ਨਹੀਂ ਆਵੇਗੀ।

ਉਹਨਾਂ ਕਿਹਾ ਕਿ ਕਣਕ ਆਉਣ ਤੋਂ ਬਾਅਦ ਕਿਸਾਨ ਮੰਡੀਆਂ ਵੱਲ ਇੱਕੋ-ਦਮ ਰੁਖ ਨਾ ਕਰਨ ਅਤੇ ਮੰਡੀਆਂ ਵਿਚ ਵੀ ਭੀੜ ਨਾ ਪਵੇ, ਇਸ ਲਈ ਵੀ ਵਿਸ਼ੇਸ਼ ਪ੍ਰਬੰਧ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ। ਇਸ ਕੋਸ਼ਿਸ਼ ਤਹਿਤ ਮੰਡੀਆਂ ਦੀ ਗਿਣਤੀ ਲਗਭਗ ਦੁੱਗਣੀ ਕੀਤੀ ਜਾ ਰਹੀ ਹੈ, ਜਿਸ ਨਾਲ ਸਮਾਜਿਕ ਦੂਰੀ ਨੂੰ ਬਣਾਏ ਰੱਖਣ ਵਿਚ ਵੀ ਮਦਦ ਮਿਲੇਗੀ। ਉਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਕਣਕ ਦੀ ਫਸਲ ਦਾ ਇੱਕ-ਇੱਕ ਦਾਣਾ ਚੁੱਕਣ ਲਈ ਵਚਨਬੱਧ ਹੈ ਅਤੇ ਵਾਢੀ ਦੇ ਸੀਜ਼ਨ ਦੌਰਾਨ ਰਾਜ ਦੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

=============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਬਿਜਲੀ ਦੀਆਂ ਢਿੱਲੀਆਂ ਤਾਰਾਂ ਅਤੇ ਸਪਾਰਕਿੰਗ ਬਾਰੇ ਵੱਟਸ ਐਪ ਉਤੇ ਸੂਚਨਾ ਦਿਉ

ਅੰਮ੍ਰਿਤਸਰ, 8 ਅਪ੍ਰੈਲ (        )-

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਵਾਢੀ ਦੇ ਸੀਜ਼ਨ ਵਿਚ ਬਿਜਲੀ ਦੀਆਂ ਢਿੱਲੀਆਂ ਤਾਰਾਂ, ਟਰਾਂਸਫਾਰਮਰ ਅਤੇ ਜੀਓ ਸਵਿੱਚ ਸਪਾਰਕਿੰਗ ਜਾਂ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਹੋਣ ਵਾਲੇ ਨੁਕਸਾਨ ਤੋਂ ਬਚਾਉਣ ਲਈ ਕੰਟਰੋਲ ਰੂਮ ਕਾਇਮ ਕੀਤਾ ਗਿਆ ਹੈ। ਕਿਸਾਨ ਵੀਰ ਇਸ ਕੰਟਰੋਲ ਰੂਮ ਉਤੇ ਆਪਣੇ ਫੋਨ ਤੋਂ ਵੱਟਸਐਪ ਕਰਕੇ ਸੂਚਨਾ ਦੇ ਸਕਦੇ ਹਨ, ਜਿਸ ਨੂੰ ਛੇਤੀ ਤੋਂ ਛੇਤੀ ਠੀਕ ਕਰ ਦਿੱਤਾ ਜਾਵੇਗਾ। ਉਕਤ ਸਬਦਾਂ ਦਾ ਪ੍ਰਗਟਾਵਾ ਬਾਰਡਰ ਜੋਨ ਦੇ ਚੀਫ ਸ੍ਰੀ ਪ੍ਰਦੀਪ ਕੁਮਾਰ ਸੈਣੀ ਨੇ ਕਰਦੇ ਕਿਹਾ ਕਿ ਪੀ. ਐਸ. ਪੀ. ਸੀ. ਐਲ ਵੱਲੋਂ ਜਾਰੀ ਕੀਤੇ ਇੰਨਾਂ ਫੋਨ ਨੰਬਰਾਂ 96461-06835 ਅਤੇ 96461-06836 ਉਤੇ ਸ਼ਿਕਾਇਤ ਸਬੰਧੀ  ਸਥਾਨ,  ਪਤਾ ਅਤੇ ਫੋਟੋ ਦੇ ਵੇਰਵਾ ਕੇਵਲ ਵਟਸ ਐਪ ਰਾਹੀਂ ਭੇਜਿਆ ਜਾਵੇ। ਇਸ ਤੋਂ ਇਲਾਵਾ ਉਕਤ ਸਥਾਨ ਜਿੱਥੇ ਸਪਾਰਕਿੰਗ ਹੁੰਦੀ ਹੋਵੇ ਦੀ ਜੀ. ਪੀ. ਐਸ. ਲੋਕੇਸ਼ਨ ਵੀ ਵਟਸਐਪ ਉਤੇ ਸਾਂਝੀ ਕੀਤੀ ਜਾ ਸਕਦੀ ਹੈ।

ਉਨਾਂ ਕਿਹਾ ਕਿ ਇਹ ਸੂਚਨਾ ਵਿਭਾਗ ਦੇ ਕੰਟਰੋਲ ਰੂਮ ਤੋਂ ਸਬੰਧਤ ਖੇਤਰ ਵਿਚ ਪਹੁੰਚ ਜਾਵੇਗੀ, ਜਿਥੋਂ ਪਾਵਰ ਕਾਰਪੋਰੇਸ਼ਨ ਦੇ ਕਰਮਾਚਰੀ ਇਸ ਨੂੰ ਠੀਕ ਕਰਨਗੇ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਹਿਲ ਦੇ ਅਧਾਰ ‘ਤੇ ਟਰਾਂਸਫਾਰਮਰ ਦੇ ਆਲੇ ਦੁਆਲੇ ਦੇ ਖੇਤਰ ਵਿਚੋਂ ਕਣਕ ਨੂੰ ਕੱਟ ਦੇਣ ਅਤੇ ਖੇਤ ਵਿੱਚ ਟਰਾਂਸਫਾਰਮਰ ਦੇ ਦੁਆਲੇ 10 ਮੀਟਰ ਦੇ ਘੇਰੇ ਨੂੰ ਗਿੱਲਾ ਰੱਖਿਆ ਜਾਵੇ ਤਾਂ ਜੋ ਕਿਸੇ ਚੰਗਿਆੜੀ ਦੇ ਡਿੱਗਣ ਕਾਰਨ ਇਹ ਅੱਗ ਨਾ ਫੜੇ।

=============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਕਰਫਿਊ ਦੌਰਾਨ ਮਾਪਿਆਂ ਤੋਂ ਫੀਸ ਮੰਗਣ ਵਾਲੇ ਅੰਮ੍ਰਿਤਸਰ ਜ਼ਿਲ੍ਹੇ ਦੇ 2 ਹੋਰ ਪ੍ਰਾਈਵੇਟ ਸਕੂਲਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ

## ਹਾਲਾਤ ਆਮ ਵਾਂਗ ਹੋਣ 'ਤੇ ਨਵੇਂ ਦਾਖ਼ਲਿਆਂ ਲਈ ਮਾਪਿਆਂ ਨੂੰ ਫੀਸ ਭਰਨ ਲਈ ਇੱਕ ਮਹੀਨੇ ਦਾ ਸਮਾਂ ਦੇਣ ਸਾਰੇ ਸਕੂਲ: ਸਿੱਖਿਆ ਮੰਤਰੀ ਵਿਜੈ ਇੰਦਰ ਸਿੰਗਲਾ

## ਕੈਬਨਿਟ ਮੰਤਰੀ ਵੱਲੋਂ ਸਕੂਲਾਂ ਨੂੰ ਲਾਕਡਾਊਨ ਖ਼ਤਮ ਹੋਣ ਤੱਕ ਬੱਸਾਂ ਦਾ ਕਿਰਾਇਆ ਤੇ ਕਿਤਾਬਾਂ ਦਾ ਖ਼ਰਚਾ ਵੀ ਨਾ ਵਸੂਲਣ ਦੀ ਹਦਾਇਤ

ਅੰਮ੍ਰਿਤਸਰ, 8 ਅਪ੍ਰੈਲ:

ਪੰਜਾਬ ਸਰਕਾਰ ਦੀਆਂ ਹਦਾਇਤਾਂ ਦੇ ਉਲਟ ਕਰਫਿਊ ਦੌਰਾਨ ਵਿਦਿਆਰਥੀਆਂ ਦੇ ਮਾਪਿਆਂ ਤੋਂ ਫੀਸ ਮੰਗਣ ਵਾਲੇ ਅੰਮ੍ਰਿਤਸਰ ਜ਼ਿਲ੍ਹੇ ਦੇ 2 ਹੋਰ ਸਕੂਲਾਂ ਨੂੰ ਸਿੱਖਿਆ ਵਿਭਾਗ ਵੱਲੋਂ ਬੁੱਧਵਾਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਜ਼ਿਲ੍ਹੇ ਦੇ ਇੱਕ ਸਕੂਲਾਂ ਨੂੰ ਅਜਿਹਾ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਪੰਜਾਬ ਸ਼੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਅੱਜ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਮਜੀਠਾ ਰੋਡ ਬਾਈਪਾਸ ਅਤੇ ਰਿਆਨ ਇੰਟਰਨੈਸ਼ਨਲ ਸਕੂਲ ਅੰਮ੍ਰਿਤਸਰ ਨੂੰ 7 ਦਿਨਾਂ ਦੇ ਅੰਦਰ-ਅੰਦਰ ਆਪਣਾ ਜਵਾਬ ਦਾਖ਼ਲ ਕਰਨ ਲਈ ਨੋਟਿਸ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਏਂਜਲਸ ਪੈਰਾ ਡਾਇਜ਼ ਅਜੀਤ ਨਗਰ ਅੰਮ੍ਰਿਤਸਰ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਦੀ ਉਲੰਘਣਾ ਲਈ ਨੋਟਿਸ ਭੇਜਿਆ ਗਿਆ ਹੈ।

ਕੈਬਨਿਟ ਮੰਤਰੀ ਨੇ ਹਦਾਇਤ ਕੀਤੀ ਕਿ ਲਾਕਡਾਊਨ ਖ਼ਤਮ ਹੋਣ ਤੱਕ ਸਕੂਲਾਂ ਵੱਲੋਂ ਅਗਲੇ ਅਕਾਦਮਿਕ ਸਾਲ ਲਈ ਬੱਸਾਂ ਦੇ ਕਿਰਾਏ ਅਤੇ ਕਿਤਾਬਾਂ ਦਾ ਖ਼ਰਚਾ ਨਾ ਵਸੂਲਿਆ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੂਲਾਂ ਤੋਂ ਇਲਾਵਾ ਜੇਕਰ ਕੋਈ ਹੋਰ ਸਕੂਲ ਵੀ ਕਰਫਿਊ ਦੌਰਾਨ ਫੀਸ ਦੀ ਮੰਗ ਕਰਦਾ ਹੈ ਤਾਂ ਵਿਦਿਆਰਥੀ ਜਾਂ ਉਨ੍ਹਾਂ ਦੇ ਮਾਪੇ ਆਪਣੀ ਸ਼ਿਕਾਇਤ ਸਿੱਧਾ ਉਨ੍ਹਾਂ ਨੂੰ ਈ-ਮੇਲ, vijayindersingla@gmail.com 'ਤੇ ਭੇਜ ਸਕਦੇ ਹਨ।

ਸ਼੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਕੋਰੋਨਾਵਾਇਰਸ ਦੇ ਹਮਲੇ ਤੋਂ ਪੂਰੀ ਦੁਨੀਆਂ ਪ੍ਰਭਾਵਿਤ ਹੋਈ ਹੈ ਜਿਸ ਕਰਕੇ ਹਾਲਾਤ ਆਮ ਵਾਂਗ ਹੋਣ ਤੱਕ ਪੰਜਾਬ ਦੇ ਸਾਰੇ ਸਕੂਲਾਂ ਨੂੰ ਦਾਖ਼ਲਿਆਂ ਤੇ ਫੀਸਾਂ ਲੈਣ ਤੋਂ ਮਨਾਹੀ ਦੇ ਹੁਕਮ ਜਾਰੀ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਪਰ ਕੁਝ ਪ੍ਰਾਈਵੇਟ ਸਕੂਲਾਂ ਵੱਲੋਂ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਕੇ ਵੱਖ-ਵੱਖ ਮਾਧਿਅਮਾਂ ਰਾਹੀਂ ਮਾਪਿਆਂ ਨੂੰ ਫੀਸ ਭਰਨ ਲਈ ਸੁਨੇਹੇ ਲਗਾਏ ਜਾ ਰਹੇ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ 23 ਮਾਰਚ 2020 ਨੂੰ ਸਿੱਖਿਆ ਵਿਭਾਗ ਵੱਲੋਂ ਸਾਰੀਆਂ ਗੈਰਸਰਕਾਰੀ ਵਿੱਦਿਅਕ ਸੰਸਥਾਵਾਂ ਨੂੰ ਹਦਾਇਤ ਕੀਤੀ ਗਈ ਸੀ ਕਿ ਸਾਲ 2020-21 ਲਈ ਦਾਖਲਿਆਂ ਦੀ ਅੰਤਿਮ ਮਿਤੀ ਨੂੰ ਦੁਬਾਰਾ ਮਿੱਥਿਆ ਜਾਵੇ ਅਤੇ ਹਾਲਾਤ ਸੁਧਰਨ ਉਪਰੰਤ ਫੀਸਾਂ ਫਰਨ ਲਈ ਇੱਕ ਮਹੀਨੇ ਦਾ ਸਮਾਂ ਜ਼ਰੂਰ ਉਪਲਬਧ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਹੁਕਮਾਂ ਰਾਹੀਂ ਹੀ ਲੌਕਡਾਊਨ ਲਾਗੂ ਰਹਿਣ ਤੱਕ ਕੋਈ ਜ਼ੁਰਮਾਨਾ ਜਾਂ ਲੇਟ ਫੀਸ ਲਗਾਉਣ ਤੋਂ ਮਨਾਹੀ ਕੀਤੀ ਗਈ ਸੀ।

ਸ਼੍ਰੀ ਵਿਜੈ ਇੰਦਰ ਸਿੰਗਲਾ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਜਵਾਬ ਦਾਖ਼ਲ ਕਰਨ ਲਈ 7 ਦਿਨ ਦਾ ਸਮਾਂ ਦਿੱਤਾ ਗਿਆ ਹੈ ਅਤੇ ਜੇਕਰ ਇਹ ਸਕੂਲ ਤਸੱਲੀਬਖ਼ਸ਼ ਜਵਾਬ ਦੇਣ ਤੋਂ ਅਸਮਰੱਥ ਰਹੇ ਤਾਂ ਇਨ੍ਹਾਂ ਦੀ ਮਾਨਤਾ ਜਾਂ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਰੱਦ ਕਰ ਦਿੱਤੀ ਜਾਵੇਗੀ।

**Show cause notices to 2 more private schools in Amritsar for demanding fees during lockdown**

**Schools should provide window period of atleast 30 days after situation gets normalised: Vijay Inder Singla**

**No books and transportation fees should be charged during lockdown period: Cabinet Minister**

Amritsar, April 8:

Education department, on Wednesday, issued show cause notices to two more private schools in Amritsar district for demanding fees during lockdown period by defying government directions. Punjab education minister Mr. Vijay Inder Singla has been personally ensuring strict action against the violating schools as he had floated his email id, vijayindersingla@gmail.com, to receive such complaints from the parents. Mr. Singla informed that Shiri Guru Harkrishan Public School Majitha Road and Ryan International School Amritsar have been issued notices today, while Angel's Paradise, Ajit Nagar was served notice for the same violation earlier.

The cabinet minister said that the schools should also not charge transportation fees and books charges from students for the next academic session till the lockdown period is over.

Mr. Singla said that the education department had issued an order dated March 23, 2020 in which all the private schools in the state have been asked to reschedule their admissions for 2020-21. He added that wide these orders, the schools were directed to provide window period of atleast 30 days for submission of fees after the situation gets normalised. He said that the schools have also been directed not to charge any late fees or fine from the students for this period. He added that after the issuance of these orders, the schools were regularly being warned of strict action for defying the direction through various means including press.

"Show cause notices have already been issued to the violators and they have been given a 7-day period to file their reply against the violation. If they failed to give satisfactory reply, we are going to cancel their affiliation or no objection certificate (NOC)," Mr Singla said.

The cabinet minister said that Coronavirus is a worldwide disaster and due to the lockdown, the parents are not able to pay the fees even through online banking options. He added that the spread of coronavirus has brought down all the businesses to a standstill and the private schools should also cooperate with the state government by following its directions.

============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਡੇਅਰੀ ਤੇ ਮਾਸਹਾਰੀ ਖਾਣੇ ਨਾਲ ਨਹੀਂ ਫੈਲਦਾ ਕੋਰੋਨਾ ਵਾਇਰਸ-ਡਾ. ਪਵਨ ਮਲਹੋਤਰਾ**

**ਸਰੀਰ ਨੂੰ ਬਿਮਾਰੀਆਂ ਨਾਲ ਲੜਨ ਲਈ ਤਾਕਤਵਰ ਬਨਾਉਣ ਵਾਸਤੇ ਵੀ ਪ੍ਰੋਟੀਨ ਜ਼ਰੂਰੀ**

ਅੰਮ੍ਰਿਤਸਰ, 8 ਅਪ੍ਰੈਲ ( )–

ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਪਵਨ ਮਲਹੋਤਰਾ ਨੇ ਸਪੱਸ਼ਟ ਕੀਤਾ ਹੈ ਕਿ ਕੋਰੋਨਾ ਵਾਇਰਸ ਸਿਰਫ ਮਨੁੱਖ ਤੋਂ ਮਨੁੱਖ ਦੇ ਸੰਪਰਕ ਵਿਚ ਆਉਣ ਨਾਲ ਫੈਲਦਾ ਹੈ, ਇਸ ਲਈ ਪਸ਼ੂ ਜਾਂ ਪਸ਼ੂਆਂ ਤੋਂ ਪੈਦਾ ਹੁੰਦੇ ਉਤਪਾਦ, ਜਿੰਨਾ ਵਿਚ ਦੁੱਧ, ਅੰਡੇ, ਮੀਟ, ਮੱਛੀ ਆਦਿ ਸ਼ਾਮਿਲ ਹਨ, ਨਾਲ ਮਨੁੱਖ ਨੂੰ ਕੋਰੋਨਾ ਵਾਇਰਸ ਦਾ ਕੋਈ ਖ਼ਤਰਾ ਨਹੀਂ ਹੈ। ਉਨਾਂ ਕਿਹਾ ਕਿ ਪਸ਼ੂ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਸ: ਤ੍ਰਿਪਤ ਰਜਿੰਦਰ ਸਿੰਘ ਬਾਜਵਾ ਦੀ ਪਹਿਲ ਕਦਮੀ ਸਦਕਾ ਪੰਜਾਬ ਤੋਂ ਦੁੱਧ, ਅੰਡੇ ਅਤੇ ਮੁਰਗੇ–ਮੁਰਗੀਆਂ ਦੀ ਸਪਲਾਈ ਦਿੱਲੀ ਅਤੇ ਜੰਮੂ ਕਸਮੀਰ ਨੂੰ ਸ਼ੁਰੂ ਕਰ ਦਿੱਤੀ ਗਈ ਹੈ, ਤਾਂ ਕਿ ਪਸ਼ੂ ਪਾਲਕਾਂ ਦਾ ਆਰਥਿਕ ਨੁਕਸਾਨ ਰੋਕਿਆ ਜਾ ਸਕੇ।

ਡਾ. ਮਲਹੋਤਰਾ ਨੇ ਕਿਹਾ ਕਿ ਦੁੱਧ ਨੂੰ ਉਬਾਲਣ ਤੇ ਮਾਸ ਨੂੰ ਭਾਰਤੀ ਤਰੀਕੇ ਨਾਲ ਪਕਾਉਣ ਕਾਰਨ ਕੋਰੋਨਾ ਵਾਇਰਸ ਜਿਉਂਦਾ ਨਹੀਂ ਰਹਿ ਸਕਦਾ। ਉਨਾਂ ਕਿਹਾ ਕਿ ਪੋਲਟਰੀ ਮੀਟ, ਮੱਛੀ, ਅੰਡੇ ਅਤੇ ਡੇਅਰੀ ਉਤਪਾਦ ਸਿਹਤਮੰਦ ਪ੍ਰੋਟੀਨ ਦਾ ਮੁੱਖ ਸਰੋਤ ਹਨ, ਜੋ ਸਰੀਰ ਵਿਚ ਰੋਗਾਂ ਨਾਲ ਲੜਨ ਦੀ ਸ਼ਕਤੀ ਪੈਦਾ ਕਰਦੇ ਹਨ, ਇਸ ਲਈ ਡੇਅਰੀ ਤੇ ਪੋਲਟਰੀ ਉਤਪਾਦਾਂ ਨੂੰ ਸਰੀਰ ਦੀ ਤੰਦਰੁਸਤੀ ਵਾਸਤੇ ਜ਼ਰੂਰ ਖਾਓ। ਉਨਾਂ ਕਿਹਾ ਕਿ ਦੁਕਾਨਦਾਰ ਆਪਣੀ ਦੁਕਾਨ ਦੀ ਸਫਾਈ ਰੱਖਣ ਤੇ ਖਾਣਾ ਚੰਗੀ ਤਰਾਂ ਪਕਾਉ। ਇਸ ਤੋਂ ਇਲਾਵਾ ਖਰੀਦਦਾਰੀ ਕਰਨ ਵਕਤ ਆਪਸੀ ਦੂਰੀ ਦਾ ਧਿਆਨ ਜ਼ਰੂਰ ਰੱਖਿਆ ਜਾਵੇ।

ਉਨ੍ਹਾਂ ਦੱਸਿਆ ਕਿ ਪਸ਼ੂ ਪਾਲਕਾਂ ਨੂੰ ਆਪਣੇ ਜਾਨਵਰਾਂ ਲਈ ਖੁਰਾਕ ਅਤੇ ਇਲਾਜ ਪੱਖੋਂ ਵੀ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਅਤੇ ਇਸ ਲਈ ਵਿਭਾਗ ਦੇ ਸਾਰੇ ਪਸ਼ੂ ਹਸਪਤਾਲ ਖੁੱਲੇ ਹਨ। ਪਸ਼ੂ ਪਾਲਣ ਵਿਭਾਗ ਨੇ ਮੱਛੀ ਪਾਲਕਾਂ ਨੂੰ ਲੋੜੀਂਦਾ ਮੱਛੀ ਪੂੰਗ ਸਮੇਂ ਸਿਰ ਮੁਹੱਈਆ ਕਰਵਾਉਣ ਦਾ ਵੀ ਪ੍ਰਬੰਧ ਕਰਨਾ ਸ਼ੁਰੂ ਕਰ ਦਿੱਤਾ ਹੈ।

===============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਅੰਮ੍ਰਿਤਸਰ ਸ਼ਹਿਰ ਦੀ ਹਰ ਗਲੀ ਨੂੰ ਕੀਤਾ ਜਾ ਰਿਹਾ ਵਾਇਰਸ ਮੁਕਤ-ਮੇਅਰ

## ਵੱਡੀਆਂ ਸੜਕਾਂ ਤੋਂ ਬਾਅਦ ਸਪਰੇਅ ਛੋਟੀਆਂ ਗਲੀਆਂ ਵਿਚ ਜਾਰੀ

ਅੰਮ੍ਰਿਤਸਰ, 8 ਅਪ੍ਰੈਲ ( )–

ਅੰਮ੍ਰਿਤਸਰ ਮਿਉਂਸੀਪਲ ਕਾਰਪੋਰੇਸ਼ਨ ਦੇ ਮੇਅਰ ਸ. ਕਰਮਜੀਤ ਸਿੰਘ ਰਿੰਟੂ ਨੇ ਦੱਸਿਆ ਕਿ ਸ਼ਹਿਰ ਦੇ ਵਸਨੀਕਾਂ ਨੂੰ ਕੋਰੋਨਾ ਵਾਇਰਸ ਦੀ ਬਿਮਾਰੀ ਤੋਂ ਬਚਾਈ ਰੱਖਣ ਲਈ ਸ਼ਹਿਰ ਵਿਚ ਲਗਾਤਾਰ ਸੈਨੇਟਾਈਜ਼ਰ ਦਾ ਛਿੜਕਾਅ ਕੀਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਅੰਮ੍ਰਿਤਸਰ ਸ਼ਹਿਰ ਦੀਆਂ ਸਾਰੀਆਂ 85 ਵਾਰਡਾਂ ਵਿਚ ਪੈਂਦੀਆਂ ਵੱਡੀਆਂ ਗਲੀਆਂ ਤੇ ਖੁੱਲੀਆਂ ਸੜਕਾਂ ਉਤੇ ਪਹਿਲਾਂ ਫਾਇਰ ਟੈਂਡਰ ਲਗਾ ਕੇ ਵਾਇਰਸ ਦੇ ਖਾਤਮੇ ਲਈ ਹਾਈਪੋ ਕਲੋਰਾਈਡ ਦੀ ਸਪਰੇਅ ਕਰਵਾਈ ਗਈ ਹੈ। ਇਸ ਤੋਂ ਬਾਅਦ ਛੋਟੀਆਂ ਗਲੀਆਂ ਵਿਚ ਪਹਿਲਾਂ ਪ੍ਰਤੀ ਵਾਰਡ ਇਕ ਆਦਮੀ ਸਪਰੇਅ ਪੰਪ ਨਾਲ ਲਗਾਇਆ ਗਿਆ ਸੀ ਅਤੇ ਹੁਣ ਹਰੇਕ ਵਾਰਡ ਵਿਚ 2 ਸਪਰੇਅ ਪੰਪ ਕੰਮ ਕਰ ਰਹੇ ਹਨ। ਸ. ਰਿੰਟੂ ਨੇ ਦੱਸਿਆ ਕਿ ਇਹ ਕੰਮ ਵੀ ਲਗਭਗ 90 ਫੀਸਦੀ ਪੂਰਾ ਹੋ ਚੁੱਕਾ ਹੈ ਅਤੇ ਛੇਤੀ ਹੀ ਸ਼ਹਿਰ ਦੀ ਹਰ ਗਲੀ ਵਿਚ ਸਪਰੇਅ ਕਰਨ ਦਾ ਟੀਚਾ ਪੂਰਾ ਕਰ ਲਵਾਂਗੇ। ਮੇਅਰ ਨੇ ਦੱਸਿਆ ਕਿ ਅਸੀਂ ਹਰ ਘਰ ਦੇ ਦਰਵਾਜੇ ਤੱਕ ਰਸਾਇਣ ਦਾ ਸਪਰੇਅ ਕਰਨ ਦਾ ਕੰਮ ਪੂਰਾ ਕਰਨ ਵਾਲੇ ਹਨ, ਜਿਸ ਨਾਲ ਸਾਰੀਆਂ ਜਨਤਕ ਥਾਵਾਂ ਦੀ ਵਾਇਰਸ ਤੋਂ ਸਫਾਈ ਹੋ ਜਾਵੇਗੀ।

ਮੇਅਰ ਸ. ਕਰਮਜੀਤ ਸਿੰਘ ਨੇ ਇਸ ਕੰਮ ਲਈ ਕਾਰਪੋਰੇਸ਼ਨ ਦੇ ਕਰਮਚਾਰੀਆਂ ਵੱਲੋਂ ਕੀਤੀ ਮਿਹਨਤ ਉਤੇ ਖੁਸ਼ੀ ਤੇ ਤਸੱਲੀ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਕਮਿਸ਼ਨਰ ਸ੍ਰੀਮਤੀ ਕੋਮਲ ਮਿਤਲ ਦੀ ਅਗਵਾਈ ਹੇਠ ਸਾਡੀ ਸਿਹਤ ਵਿਭਾਗ ਦੀ ਟੀਮ, ਜਿਸ ਵਿਚ ਡਾ. ਯੋਗੇਸ਼ ਅਤੇ ਡਾ. ਅਜੇ ਕੁਮਾਰ ਸ਼ਾਮਿਲ ਹਨ, ਨੇ ਦਿਨ-ਰਾਤ ਇਕ ਕਰਕੇ ਇਹ ਕੰਮ ਪੂਰਾ ਕਰਵਾਇਆ ਹੈ। ਉਨਾਂ ਦੱਸਿਆ ਕਿ ਪਹਿਲੇ ਦਸ ਦਿਨ ਤਾਂ ਸਾਡੀਆਂ ਟੀਮਾਂ 2-2 ਸਿਫਟਾਂ ਵਿਚ ਕੰਮ ਕਰਦੀਆਂ ਰਹੀਆਂ। ਸਪਰੇਅ ਦਾ ਕੰਮ ਸਵੇਰੇ 6 ਵਜੇ ਤੋਂ ਸ਼ੁਰੂ ਹੋ ਕੇ ਰਾਤ 10 ਵਜੇ ਤੱਕ ਚੱਲਦਾ ਸੀ ਅਤੇ ਲੋਕਾਂ ਵਿਚ ਖਿੱਚ ਇੰਨੀ ਜ਼ਿਆਦਾ ਸੀ ਕਿ ਉਹ ਆਪਣੇ ਆਲੇ-ਦੁਆਲੇ ਦਾ ਕੰਮ ਪਹਿਲਾਂ ਕਰਵਾਉਣ ਲਈ ਜ਼ੋਰ ਪਾਉਂਦੇ ਸਨ। ਉਨਾਂ ਦੱਸਿਆ ਕਿ ਉਕਤ ਕੰਮ ਨੂੰ ਨੇਪਰੇ ਚਾੜਨ ਲਈ ਸੈਨੇਟਰੀ ਇੰਸਪੈਕਟਰ ਅਤੇ ਚੀਫ ਸੈਨੇਟਰੀ ਇੰਸਪੈਕਟਰਾਂ ਦਾ ਵੀ ਵੱਡਾ ਯੋਗਦਾਨ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਲਗਾਤਾਰ ਮੁਨਾਦੀ ਕਰਕੇ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਲੱਛਣਾ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਇਸ ਤੋਂ ਇਲਾਵਾ ਲੋਕਾਂ ਨੂੰ ਘਰਾਂ ਵਿੱਚ ਰਹਿਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਕੀਤੇ ਜਾ ਰਹੇ ਉਪਰਾਲੇ ਦਾ ਫਾਇਦਾ ਤਾਂ ਹੀ ਹੈ ਜੇਕਰ ਲੋਕ ਆਪਣੇ-ਆਪਣੇ ਘਰਾਂ ਵਿੱਚ ਹੀ ਰਹਿਣ, ਤਾਂ ਜੋ ਵਾਇਰਸ ਨੂੰ ਫੈਲਣ ਦਾ ਮੌਕਾ ਨਾ ਮਿਲੇ।

ਕੈਪਸ਼ਨ

ਅੰਮ੍ਰਿਤਸਰ ਸ਼ਹਿਰ ਦੀਆਂ ਗਲੀਆਂ ਵਿਚ ਸਪਰੇਅ ਕਰਦੇ ਕਰਮਚਾਰੀ।

==========

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਕੋਰੋਨਾ ਤੋਂ ਬਚਾਅ ਲਈ ਸਮੁੱਚੇ ਅੰਮ੍ਰਿਤਸਰ ਸ਼ਹਿਰ ਦੀ ਸਕਰੀਨਿੰਗ ਕਰਵਾਉਣ ਦਾ ਫੈਸਲਾ**

**ਪਾਇਲਟ ਪ੍ਰਾਜੈਕਟ ਵਜੋਂ ਕ੍ਰਿਸ਼ਨਾ ਨਗਰ ਤੇ ਸੁਲਤਾਨਵਿੰਡ ਰੋਡ ਦੇ ਇਲਾਕੇ ਨੂੰ ਚੁਣਿਆ**

ਅੰਮ੍ਰਿਤਸਰ, 8 ਅਪ੍ਰੈਲ ( )-

ਅੰਮ੍ਰਿਤਸਰ ਸ਼ਹਿਰ ਵਿਚ ਕੋਰੋਨਾ ਵਾਇਰਸ ਕਾਰਨ ਹੋਈਆਂ ਦੋ ਮੌਤਾਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਅੰਮ੍ਰਿਤਸਰ ਮਿਉਂਸੀਪਲ ਕਾਰਪੋਰੇਸ਼ਨ ਤੇ ਜਿਲ੍ਹਾ ਪ੍ਰਸ਼ਾਸਨ ਨੇ ਸਮੁੱਚੇ ਸ਼ਹਿਰ ਦੀ ਸਕਰੀਨਿੰਗ ਕਰਵਾਉਣ ਦਾ ਫੈਸਲਾ ਲਿਆ ਹੈ। ਇਸ ਫੈਸਲੇ ਨਾਲ ਅੰਮ੍ਰਿਤਸਰ ਦੇਸ਼ ਦਾ ਪਹਿਲਾ ਸ਼ਹਿਰ ਹੋਵੇਗਾ, ਜਿੱਥੇ ਵਾਇਰਸ ਨੂੰ ਲੈ ਕੇ ਸਮੁੱਚੇ ਸ਼ਹਿਰ ਦੀ ਸਕਰੀਨਿੰਗ ਹੋਵੇਗੀ। ਅੱਜ ਉਕਤ ਫੈਸਲਾ ਮਹਾਰਾਜਾ ਰਣਜੀਤ ਸਿੰਘ ਪੈਨੋਰਮਾ ਵਿਖੇ ਮੇਅਰ ਸ. ਕਰਮਜੀਤ ਸਿੰਘ ਰਿੰਟੂ, ਮੁੱਖ ਮੰਤਰੀ ਦੇ ਓ. ਐਸ. ਡੀ. ਸ੍ਰੀ ਸੰਦੀਪ ਸਿੰਘ ਸੰਧੂ, ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ, ਕਮਿਸ਼ਨਰ ਕਾਰਪੋਰੇਸ਼ਨ ਸ੍ਰੀਮਤੀ ਕੋਮਲ ਮਿੱਤਲ, ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਵੱਲੋਂ ਕੋਰੋਨਾ ਵਾਇਰਸ ਦੇ ਮਾਮਲੇ ਉਤੇ ਪੈਦਾ ਹੋਏ ਹਲਾਤਾਂ ਨੂੰ ਧਿਆਨ ਵਿਚ ਰੱਖਦੇ ਹੋਏ ਕੀਤੀ ਵਿਸਥਾਰਤ ਮੀਟਿੰਗ ਵਿਚ ਲਿਆ ਗਿਆ।

ਮੇਅਰ ਸ. ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਭਾਵੇਂ ਸ਼ਹਿਰ ਵਿਚ ਸਥਿਤੀ ਖਤਰਨਾਕ ਨਹੀਂ, ਪਰ ਵਾਇਰਸ ਅੱਗੇ ਨਾ ਫੈਲੇ, ਇਸ ਲਈ ਜ਼ਰੂਰੀ ਹੈ ਕਿ ਸ਼ਹਿਰ ਦੇ ਹਰ ਸ਼ਹਿਰ ਵਾਸੀ ਦੀ ਸਿਹਤ ਦੀ ਜਾਂਚ ਹੋਵੇ, ਤਾਂ ਜੋ ਕੋਰੋਨਾ ਪੀੜਤ ਵਿਅਕਤੀ ਦਾ ਇਲਾਜ ਬਿਮਾਰੀ ਦੇ ਪਹਿਲੇ ਪੜਾਅ ਵਿਚ ਹੀ ਹੋ ਸਕੇ। ਉਨਾਂ ਕਿਹਾ ਕਿ ਸ਼ਹਿਰ ਵਿਚ ਉਕਤ ਬਿਮਾਰੀ ਕਾਰਨ ਹੋਈਆਂ ਮੌਤਾਂ ਅਤੇ ਕੋਰੋਨਾ ਦੇ ਪਾਜ਼ੀਟਵ ਆਏ ਵਿਅਕਤੀਆਂ ਦੇ ਸੰਪਰਕ ਵਿਚ ਆਏ ਵਿਅਕਤੀਆਂ ਦੇ ਖੇਤਰਾਂ ਦੀ ਜਾਂਚ ਪਹਿਲ ਦੇ ਅਧਾਰ ਉਤੇ ਹੋਣੀ ਚਾਹੀਦੀ ਹੈ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਇਸ ਪਹਿਲ ਕਦਮੀ ਲਈ ਸਿਹਤ ਵਿਭਾਗ ਨੂੰ ਹਰ ਤਰਾਂ ਦਾ ਸਹਿਯੋਗ ਦੇਣ ਲਈ ਹਦਾਇਤ ਕਰਦੇ ਕਿਹਾ ਕਿ ਤੁਸੀਂ ਪਾਇਲਟ ਪ੍ਰਾਜੈਕਟ ਵਜੋਂ ਕ੍ਰਿਸ਼ਨਾ ਨਗਰ ਤੇ ਸੁਲਤਾਨਵਿੰਡ ਦੇ ਉਹ ਇਲਾਕੇ ਲਵੋ, ਜਿੱਥੇ ਕੋਰੋਨਾ ਪਾਜ਼ੀਟਵ ਵਿਅਕਤੀ ਮਿਲੇ ਹਨ। ਉਨਾਂ ਕਿਹਾ ਕਿ ਉਕਤ ਇਲਾਕੇ ਦੇ ਹਰ ਘਰ ਵਿਚ ਜਾ ਕੇ ਹਰੇਕ ਨਾਗਰਿਕ ਦੀ ਸਿਹਤ ਦੀ ਜਾਂਚ ਕੀਤੀ ਜਾਵੇ ਅਤੇ ਜਿਸ ਵੀ ਵਿਅਕਤੀ ਵਿਚ ਕੋਵਿਡ 19 ਦੇ ਲੱਛਣ ਮਿਲਣ, ਉਸਦਾ ਟੈਸਟ ਕਰਵਾਇਆ ਜਾਵੇ। ਇਸ ਤਰਾਂ ਜਿੱਥੇ ਪੀੜਤ ਵਿਅਕਤੀਆਂ ਦਾ ਇਲਾਜ ਹੋ ਸਕੇਗਾ, ਉਥੇ ਵਾਇਰਸ ਨੂੰ ਅੱਗੇ ਫੈਲਣ ਤੋਂ ਰੋਕਣ ਵਿਚ ਮਦਦ ਮਿਲੇਗੀ।

ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਕਿਹਾ ਕਿ ਇਸ ਲਈ ਕਾਰਪੋਰੇਸ਼ਨ, ਸਿਹਤ ਤੇ ਪੁਲਿਸ ਦੇ ਸਹਿਯੋਗ ਦੀ ਲੋੜ ਪਵੇਗੀ, ਜਿਸ ਲਈ ਅਸੀਂ ਆਪਸੀ ਤਾਲਮੇਲ ਕਰਕੇ ਸਾਂਝੀਆਂ ਟੀਮਾਂ ਬਣਾਕੇ ਘਰ-ਘਰ ਪਹੁੰਚ ਕਰ ਸਕਾਂਗੇ। ਉਨਾਂ ਕਿਹਾ ਕਿ ਉਕਤ ਦੋਵਾਂ ਇਲਾਕਿਆਂ ਤੋਂ ਬਾਅਦ ਸਮੁੱਚੇ ਸ਼ਹਿਰ ਦੀ ਸਕਰੀਨਿੰਗ ਕੀਤੀ ਜਾਵੇਗੀ। ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ ਨੇ ਇਸ ਕੰਮ ਲਈ ਹਰ ਤਰਾਂ ਦੀ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ, ਡੀ ਸੀ ਪੀ ਜਗਮੋਹਨ ਸਿੰਘ, ਡੀ ਸੀ ਪੀ ਮੁਖਵਿੰਦਰ ਸਿੰਘ ਭੁੱਲਰ, ਡੀ ਸੀ ਪੀ ਗਗਨ ਅਜੀਤ ਸਿੰਘ, ਐਸ ਡੀ ਐਮ ਅਤੇ ਸੀਨੀਅਰ ਡਾਕਟਰ ਵੀ ਮੀਟਿੰਗ ਵਿਚ ਹਾਜ਼ਰ ਸਨ।

ਕੈਪਸ਼ਨ : ਅੰਮ੍ਰਿਤਸਰ ਸ਼ਹਿਰ ਦੀ ਸਕਰੀਨਿੰਗ ਲਈ ਮੀਟਿੰਗ ਕਰਦੇ ਮੇਅਰ ਸ. ਕਰਮਜੀਤ ਸਿੰਘ ਰਿੰਟੂ, ਡੀ. ਸੀ. ਸ਼ਿਵਦੁਲਾਰ ਸਿੰਘ ਢਿਲੋਂ ਤੇ ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ।

========

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ ਅੰਮ੍ਰਿਤਸਰ।

## ਕਰਫਿਊ ਦੌਰਾਨ ਪੰਜਾਬ ਪੁਲਸ ਦਾ ਨਵਾਂ ਚਿਹਰਾ ਆਇਆ ਸਾਹਮਣੇ

## ਲੋੜਵੰਦਾਂ ਲਈ ਰਾਸ਼ਨ ਦੇ ਨਾਲ-ਨਾਲ ਦਵਾਈਆਂ ਵੀ ਮੁਹੱਈਆ ਕਰਵਾ ਰਹੇ ਹਨ ਮੁਲਾਜ਼ਮ

ਅੰਮ੍ਰਿਤਸਰ, 8 ਅਪਰੈਲ ( )-

ਮੁੱਖ ਮੰਤਰੀ ਪੰਜਾਬ ਵੱਲੋਂ ਕੋਵਿਡ 19 ਤੋਂ ਰਾਜ ਦੇ ਵਾਸੀਆਂ ਦਾ ਬਚਾਅ ਕਰਨ ਲਈ ਲਗਾਏ ਗਏ ਕਰਫਿਊ ਦੌਰਾਨ ਜਿਥੇ ਸੂਬੇ ਵਿਚ ਸਰਕਾਰ ਵੱਲੋਂ ਲੋੜਵੰਦਾਂ ਲਈ ਹਰ ਤਰਾਂ ਦੀ ਸੰਭਵ ਮਦਦ ਮੁਹੱਈਆ ਕਰਵਾਈ ਜਾ ਰਹੀ ਹੈ, ਉਥੇ ਸਮਾਜਸੇਵੀ ਸੰਸਥਾਵਾਂ ਵੀ ਆਪਣੇ ਫਰਜ਼ ਪਛਾਣਦੀਆਂ ਹੋਈਆਂ ਲੋੜਵੰਦਾਂ ਦੀ ਮਦਦ ਲਈ ਅੱਗੇ ਆਈਆਂ ਹਨ। ਪੰਜਾਬ ਪੁਲਸ ਜੋ ਕਿ ਕੇਵਲ ਅਮਨ-ਕਾਨੂੰਨ ਦੀ ਰਾਖੀ ਲਈ ਹੀ ਜਾਣੀ ਜਾਂਦੀ ਹੈ ਅਤੇ ਇਸ ਲਈ ਅਕਸਰ ਪੁਲਿਸ ਚਰਚਾ ਵਿਚ ਵੀ ਰਹਿੰਦੀ ਸੀ, ਨੇ ਇਨਾਂ ਦਿਨਾਂ ਦੌਰਾਨ ਲੋੜਵੰਦਾਂ ਦੀ ਮਦਦ ਕਰਕੇ ਇਕ ਨਵੀਂ ਸ਼ਾਖ ਬਣਾਈ ਹੈ।

ਪੁਲਸ ਦੇ ਅਧਿਕਾਰੀ ਅਤੇ ਜਵਾਨ ਜਿਲ੍ਹੇ ਭਰ ਵਿਚ ਰੋਜ਼ਾਨਾ ਲੋੜਵੰਦ ਲੋਕਾਂ ਨੂੰ ਲੰਗਰ ਅਤੇ ਸੁੱਕਾ ਰਾਸ਼ਨ ਮੁਹੱਈਆ ਕਰਵਾ ਰਹੇ ਹਨ। ਇਸ ਕੰਮ ਵਿਚ ਉਹ ਆਪਣੀ ਜੇਬ ਵਿਚੋਂ ਵੀ ਪੈਸੇ ਖਰਚ ਰਹੇ ਹਨ ਅਤੇ ਆਪਸੀ ਸਬੰਧ ਵੀ ਇਸ ਕੰਮ ਲਈ ਵਰਤ ਰਹੇ ਹਨ। ਇਸ ਨਾਲ ਪੁਲਸ ਦਾ ਇਕ ਨਵਾਂ ਚਿਹਰਾ ਸਾਹਮਣੇ ਆਇਆ ਹੈ ਅਤੇ ਲੋਕ ਪੁਲਸ ਦੇ ਕੰਮ ਦੀ ਤਾਰੀਫ਼ ਕਰਨ ਲੱਗੇ ਹਨ। ਬੀਤੇ ਦਿਨ ਹੀ ਡੀ.ਜੀ.ਪੀ. ਸ੍ਰੀ ਦਿਨਕਰ ਗੁਪਤਾ ਨੇ ਕੋਟ ਖਾਲਸਾ ਦੇ ਇੰਸਪੈਕਟਰ ਐਸ.ਐਚ.ਓ. ਸੰਜੀਵ ਕੁਮਾਰ ਨੂੰ ਪੁਲਿਸ ਐਵਾਰਡ ਲਈ ਚੁਣਿਆ ਹੈ, ਜੋ ਸੇਵਾ ਦੀ ਭਾਵਨਾ ਨਾਲ ਗਰੀਬ ਅਤੇ ਭੁੱਖੇ ਲੋਕਾਂ ਨੂੰ ਭੋਜਨ ਛਕਾ ਰਹੇ ਹਨ। ਇਸੇ ਹੀ ਲੜੀ ਤਹਿਤ ਸ਼ਿਵਾਲਾ ਚੋਕੀ ਇੰਚਾਰਜ਼ ਸ਼੍ਰੀ ਪ੍ਰੋਸ਼ਤਮ ਲਾਲ ਵਲੋ ਸਲੱਮ ਬਸਤੀਆਂ ਵਿਚ ਜਾ ਕੇ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਸ਼੍ਰੀ ਪ੍ਰੋਸ਼ਤਮ ਨੇ ਦੱਸਿਆ ਕਿ ਸਾਡੀ ਪੁਲਸ ਚੌਕੀ ਦੇ ਸਾਰੇ ਕਰਮਚਾਰੀ ਆਪਣੇ ਨਿਜੀ ਖ਼ਰਚਿਆਂ ਵਿਚ ਰੋਜ਼ਾਨਾ ਲੋੜਵੰਦਾਂ ਲਈ ਹਿੱਸਾ ਪਾ ਰਹੇ ਹਨ। ਇਸ ਤੋਂ ਇਲਾਵਾ ਨਿੱਜੀ ਸੰਸਥਾ ਐਡਵਾਂਸ ਇੰਡੀਆ ਪ੍ਰਜੈਕਟ ਲਿਮ: ਸੈਲੀਬਰੇਸ਼ਨ ਮਾਲ ਦੀ ਹੈਡ ਮੈਡਮ ਨਿਧੀ ਮਹਿਰਾ ਵੱਲੋਂ ਆਪਣੀ ਸੰਸਥਾ ਰਾਹੀ ਰੋਜ਼ਾਨਾ 100 ਰਾਸ਼ਨ ਦੇ ਪੈਕੇਟ ਵੀ ਦਿੱਤੇ ਜਾ ਰਹੇ ਹਨ, ਜੋ ਕਿ ਸੰਸਥਾ ਦੇ ਕਰਮਚਾਰੀਆਂ ਨਾਲ ਸਹਿਯੋਗ ਕਰਕੇ ਲੋੜਵੰਦਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ।

ਸ਼੍ਰੀ ਪ੍ਰੋਸ਼ਤਮ ਲਾਲ ਇੰਚਾਰਜ ਨੇ ਦੱਸਿਆ ਕਿ ਉਨ੍ਹਾਂ ਵਲੋ ਲੋੜਵੰਦ ਪਰਿਵਾਰਾਂ ਦੀ ਪਹਿਲਾਂ ਲਿਸਟਾਂ ਤਿਆਰ ਕੀਤੀਆਂ ਜਾਂਦੀਆਂ ਹਨ ਅਤੇ ਫਿਰ ਅਸੀ ਘਰ ਘਰ ਜਾ ਕੇ ਲੋੜਵੰਦਾਂ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾ ਰਹੇ ਹਾਂ। ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਇਸ ਮੁਸ਼ਕਲ ਘੜੀ ਵਿਚ ਕੋਈ ਵੀ ਪਰਿਵਾਰ ਭੁੱਖਾ ਨਾ ਰਹੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਚੌਕੀ ਅਧੀਨ ਪੈਂਦੇ ਖੇਤਰ ਮੁਸਲਮ ਗੰਜ, ਸੁੰਦਰ ਨਗਰ,ਸਾਵਨ ਨਗਰ ਅਤੇ ਪੁਰਾਣੀ ਬੱਚਾ ਵਾਰਡ ਦੇ ਨਜ਼ਦੀਕ ਪੈਂਦੀਆਂ ਝੁੱਗੀਆਂ ਝੋਪੜੀਆਂ ਵਿਚ ਰਾਸ਼ਨ ਦੇ ਨਾਲ-ਨਾਲ ਦਵਾਈਆਂ ਵੀ ਦਿੱਤੀਆਂ ਜਾ ਰਹੀਆਂ ਹਨ। ਉਨਾਂ ਦੱਸਿਆ ਕਿ ਕੁੱਝ ਇਲਾਕਿਆਂ ਵਿਚ ਪ੍ਰਵਾਸੀ ਗਰੀਬ ਪਰਿਵਾਰ, ਜੋ ਕਿ ਰੇਹੜੀਆਂ ਲਗਾਉਣ ਦਾ ਕੰਮ ਕਰਦੇ ਹਨ, ਨੂੰ ਪੁਲਸ ਕਰਮਚਾਰੀ ਆਪਣੇ ਨਿਜੀ ਖਰਚਿਆਂ ਵਿਚ ਦਵਾਈਆਂ ਵੀ ਲੈ ਕੇ ਦੇ ਰਹੇ ਹਨ ।

ਕੈਪਸ਼ਨ: ਸ਼੍ਰੀ ਪ੍ਰੋਸ਼ਤਮ ਲਾਲ ਚੋਕੀ ਇੰਚਾਰਜ ਸ਼ਿਵਾਲਾ ਐਡਵਾਂਸ ਇੰਡੀਆ ਪ੍ਰਜੈਕਟ ਲਿਮ ਦੇ ਕਰਮਚਾਰੀਆਂ ਨਾਲ ਲੋੜਵੰਦ ਪਰਿਵਾਰਾ ਨੂੰ ਰਾਸ਼ਨ ਵੰਡਦੇ ਹੋਏ।

========

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

## ਹੁਣ ਜੁਮੈਟੋ ਉਤੇ ਆਰਡਰ ਕਰਕੇ ਘਰ ਮੰਗਵਾਉ ਕਰਿਆਨੇ ਦਾ ਸਮਾਨ

## ਜ਼ਰੂਰੀ ਵਸਤਾਂ ਦੀ 'ਹੋਮ ਡਿਲਵਰੀ' ਹੁਣ ਫੋਨ ਦੇ ਇਕ ਕਲਿਕ ਉਤੇ

## ਸ਼ਹਿਰ ਵਾਸੀਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਕੀਤਾ 'ਜੁਮੈਟੋ' ਨਾਲ ਇਕਰਾਰ

ਅੰਮ੍ਰਿਤਸਰ, 8 ਅਪ੍ਰੈਲ ( )-

ਕੋਵਿਡ 19 ਦੇ ਚੱਲਦੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਕੋਰੋਨਾ ਦੇ ਵਾਇਰਸ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੇ ਚੱਲਦੇ ਜਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਜ਼ਰੂਰੀ ਵਸਤਾਂ ਉਨਾਂ ਦੇ ਘਰ ਪਹੁੰਚਾਉਣ ਦਾ ਪ੍ਰਬੰਧ ਵੀ ਕਰ ਦਿੱਤਾ ਹੈ, ਤਾਂ ਕਿ ਲੋਕ ਘੱਟ ਤੋਂ ਘੱਟ ਬਾਹਰ ਨਿਕਲਣ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਪਹਿਲਾਂ ਅਸੀਂ ਕਰਿਆਨਾ ਦੀਆਂ ਦੁਕਾਨਾਂ ਨੂੰ ਘਰ ਤੱਕ ਸਮਾਨ ਪਹੁੰਚਾਉਣ ਦੀ ਜ਼ਿੰਮੇਵਾਰੀ ਦਿੱਤੀ ਅਤੇ ਹੁਣ ਇਸ ਕੰਮ ਵਿਚ ਲੰਮਾ ਤਜ਼ਰਬਾ ਰੱਖਦੇ ਜੁਮੈਟੋ ਨਾਲ ਸਾਂਝ ਪਾਈ ਹੈ। ਉਨਾਂ ਦੱਸਿਆ ਕਿ ਇਸ ਲਈ ਸ਼ਹਿਰੀ ਖੇਤਰ ਵਿਚ ਰਹਿੰਦਾ ਕੋਈ ਵੀ ਵਿਅਕਤੀ ਘਰ ਬੈਠਾ ਆਪਣੀ ਪਸੰਦ ਦਾ ਆਰਡਰ ਕਰ ਸਕਦਾ ਹੈ ਅਤੇ ਜੁਮੈਟੋ ਵੱਲੋਂ ਉਹ ਸਮਾਨ ਉਸਦੇ ਘਰ ਤੱਕ ਪਹੁੰਚਾ ਦਿੱਤਾ ਜਾਵੇਗਾ।

ਇਸ ਮੌਕੇ ਜੁਮੈਟੋ ਦੇ ਮਾਰਕਿਟ ਪ੍ਰਤੀਨਿਧੀ ਯਾਮਿਨੀ ਸੈਣੀ ਨੇ ਦੱਸਿਆ ਕਿ ਇਸ ਕੰਮ ਬਹੁਤ ਅਸਾਨ ਹੈ। ਕੋਈ ਵੀ ਵਿਅਕਤੀ ਜਿਸਨੇ ਆਪਣੇ ਘਰ ਸਮਾਨ ਦੀ ਸੁਰੱਖਿਅਤ ਪਹੁੰਚ ਲੈਣੀ ਹੈ, ਉਹ ਆਪਣੇ ਫੋਨ ਵਿਚ ਯੁਮੈਟੋ ਦਾ ਐਪ ਡਾਊਨਲੋਡ ਕਰੇ ਅਤੇ ਫਿਰ ਜੁਮੈਟੋ ਮਾਰਕੀਟ ਬੈਨਰ ਉਤੇ ਕਲਿਕ ਕਰੇ। ਆਪਣੀ ਲੋੜ ਅਨੁਸਾਰ ਜੋ ਵੀ ਸਮਾਨ ਚਾਹੀਦਾ ਹੈ, ਉਸ ਦਾ ਆਰਡਰ ਦੇਵੇ ਅਤੇ ਸਾਡੇ ਪ੍ਰਤੀਨਿਧੀ ਉਸ ਸਮਾਨ ਨੂੰ ਛੇਤੀ ਤੋਂ ਛੇਤੀ ਉਸਦੇ ਘਰ ਪੁੱਜਦਾ ਕਰ ਦੇਣਗੇ।

=============

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦਿੱਤਾ 200 ਪੀ ਪੀ ਈ ਕਿੱਟਾਂ ਦਾ ਸਹਿਯੋਗ**

**-ਜਿਲ੍ਹਾ ਸੈਸ਼ਨ ਜੱਜ ਨੇ ਕੀਤੀ ਸਿਹਤ ਅਮਲੇ ਦੀਆਂ ਸੇਵਾਵਾਂ ਦੀ ਸ਼ਲਾਘਾ**

ਅੰਮ੍ਰਿਤਸਰ, 8 ਅਪ੍ਰੈਲ ( )-

ਕੋਵਿਡ 19 ਵਿਰੁੱਧ ਜੰਗ ਲੜ ਰਹੇ ਸਿਹਤ ਅਮਲੇ ਦੀਆਂ ਸੇਵਾਵਾਂ ਦੀ ਸਰਾਹਨਾ ਕਰਦੇ ਜਿਲ੍ਹਾ ਦੇ ਸੈਸ਼ਨ ਜੱਜ ਸ. ਬਲਵਿੰਦਰ ਸਿੰਘ ਸੰਧੂ ਨੇ ਉਨਾਂ ਦੀ ਸੁਰੱਖਿਆ ਲਈ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 200 ਪੀ ਪੀ ਈ ਕਿੱਟਾਂ ਦਾ ਸਹਿਯੋਗ ਦਿੱਤਾ ਹੈ। ਅਥਾਰਟੀ ਦੇ ਚੇਅਰੈਨ ਵਜੋਂ ਭੇਜੀਆਂ ਗਈਆਂ ਇਹ ਕਿੱਟਾਂ ਅੱਜ ਅਥਾਰਟੀ ਦੇ ਸੈਕਟਰੀ ਜੱਸ ਸੀਨੀਅਰ ਡਵੀਜ਼ਨ ਸ੍ਰੀ ਸੁਮਿਤ ਮੱਕੜ ਨੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ ਨੂੰ ਸੌਂਪੀਆਂ। ਸ. ਬਲਵਿੰਦਰ ਸਿੰਘ ਸੰਧੂ ਵੱਲੋਂ ਇਸ ਮੌਕੇ ਸ਼ਹਿਰ ਦੇ ਦਾਨੀ ਸੱਜਣਾਂ ਨੂੰ ਅਪੀਲ ਵੀ ਕੀਤੀ ਗਈ ਕਿ ਉਹ ਇਸ ਸੰਕਟ ਵਿਚ ਵੱਧ-ਚੜ੍ਹ ਕੇ ਆਪਣਾ ਯੋਗਦਾਨ ਪਾਉਣ, ਤਾਂ ਜੋ ਮਰੀਜਾਂ ਦੇ ਇਲਾਜ ਦੇ ਨਾਲ-ਨਾਲ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਦੇ ਕਾਰਜ ਚੱਲਦੇ ਰਹਿਣ। ਉਨਾਂ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਸਾਰੇ ਜਿਲ੍ਹਾ ਵਾਸੀਆਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕਰਦੇ ਕਿਹਾ ਕਿ ਸਰਕਾਰ ਵੱਲੋਂ ਇਹ ਕਦਮ ਤੁਹਾਡੀ ਸੁਰੱਖਿਆ ਲਈ ਪੁੱਟਿਆ ਗਿਆ ਹੈ ਅਤੇ ਤੁਸੀਂ ਸਾਰੇ ਇਸ ਵਿਚ ਸਾਥ ਦੇ ਕੇ ਆਪਣੀ ਤੇ ਆਪਣੇ ਪਰਿਵਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉ। ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਸ਼ੂੰ ਅਗਰਵਾਲ ਨੇ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਾਏ ਇਸ ਯੋਗਦਾਨ ਲਈ ਧੰਨਵਾਦ ਕਰਦੇ ਕਿਹਾ ਕਿ ਅਸੀਂ ਰੈਡ ਕਰਾਸ ਜ਼ਰੀਏ, ਜਿਸ ਵੀ ਅਮਲੇ ਨੂੰ ਲੋੜ ਹੋਈ, ਉਨਾਂ ਨੂੰ ਇਹ ਕਿੱਟਾਂ ਜਾਰੀ ਕੀਤੀਆਂ ਜਾਣਗੀਆਂ।

ਸ੍ਰੀ ਬਲਵਿੰਦਰ ਸਿੰਘ ਸੰਧੂ, ਜਿਲ੍ਹਾ ਅਤੇ ਸੇਸ਼ਨਜ ਜੱਜ ਸਾਹਿਬ ਵੱਲੋਂ ਲੋਕਾਂ ਨੂੰ ਘਰਾਂ ਵਿੱਚ ਰਹਿਣ ਦੀ ਅਪੀਲ ਕੀਤੀ ਗਈ ਅਤੇ ਪੁਲਿਸ ਪ੍ਰਸ਼ਾਸਨ ਨੂੰ ਉਹਨਾ ਵੱਲੋਂ ਚਲਾਏ ਜਾ ਰਹੀ ਮੁਹਿੰਮ ਵਿੱਚ ਯੋਗਦਾਨ ਦੇਣ ਲਈ ਕਿਹਾ ਗਿਆ।

ਕੈਪਸ਼ਨ

ਜਿਲ੍ਹਾ ਕਾਨੂੰਨੀ ਸੇਵਾਵਾਂ ਦੇ ਸੈਕਟਰੀ ਸ੍ਰੀ ਸੁਮਿਤ ਮੱਕੜ ਕੋਲੋਂ 200 ਪੀ ਪੀ ਈ ਕਿੱਟਾਂ ਪ੍ਰਾਪਤ ਕਰਦੇ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ।

=============